# Prime Minister chairs high level meeting to review Operation Ganga

February 28, 2022

## ਪ੍ਰਧਾਨ ਮੰਤਰੀ ਨੇ ਅਪਰੇਸ਼ਨ ਗੰਗਾ ਦੀ ਸਮੀਖਿਆ ਦੇ ਲਈ ਉੱਚ ਪੱਧਰੀ ਬੈਠਕ ਦੀ ਪ੍ਰਧਾਨਗੀ ਕੀਤੀ

ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਨੇ ਯੂਕ੍ਰੇਨ ਵਿੱਚ ਫਸੇ ਭਾਰਤੀਆਂ ਨੂੰ ਵਾਪਸ ਲਿਆਉਣ ਦੇ ਸਬੰਧ ਵਿੱਚ ਚਲਾਏ ਜਾ ਰਹੇ ਅਪਰੇਸ਼ਨ ਗੰਗਾ ਦੀ ਸਮੀਖਿਆ ਕਰਨ ਦੇ ਲਈ ਇੱਕ ਉੱਚ ਪੱਧਰੀ ਬੈਠਕ ਦੀ ਪ੍ਰਧਾਨਗੀ ਕੀਤੀ। ਇਸ ਸੰਦਰਭ ਵਿੱਚ ਇਹ ਅੱਜ ਪ੍ਰਧਾਨ ਮੰਤਰੀ ਦੀ ਦੂਸਰੀ ਬੈਠਕ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪੂਰੀ ਸਰਕਾਰੀ ਮਸ਼ੀਨਰੀ ਦਿਨ-ਰਾਤ ਕੰਮ ਕਰ ਰਹੀ ਹੈ, ਤਾਕਿ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਸਵਦੇਸ਼ ਵਾਪਸੀ ਸੁਨਿਸ਼ਚਿਤ ਹੋ ਸਕੇ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਚਾਰ ਸੀਨੀਅਰ ਮੰਤਰੀ ਨੂੰ ਆਪਣੇ ਵਿਸ਼ੇਸ਼ ਦੂਤ ਦੇ ਰੂਪ ਵਿੱਚ ਵਿਭਿੰਨ ਦੇਸ਼ਾਂ ਵਿੱਚ ਭੇਜਣ ਨਾਲ ਫਸੇ ਹੋਏ ਲੋਕਾਂ ਨੰ ਸਰੱਖਿਅਤ ਕੱਢਣ ਦੇ ਪ੍ਰਯਤਨਾਂ ਵਿੱਚ ਤੇਜ਼ੀ ਆਏਗੀ। ਇਹ ਕਦਮ ਇਸ ਗੱਲ ਦਾ ਪ੍ਰਤੀਕ ਹੈ ਕਿ ਸਰਕਾਰ ਇਸ ਮੁੱਦੇ ਨੂੰ ਕਿੰਨੀ ਪ੍ਰਾਥਮਿਕਤਾ ਦੇ ਰਹੀ ਹੈ।

ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਯੁਕ੍ਰੇਨ ਦੀਆਂ ਸੀਮਾਵਾਂ ਦੀਆਂ ਮਾਨਵੀ ਪਰਿਸਥਿਤੀਆਂ ਨਾਲ ਨਿਪਟਣ ਦੇ ਲਈ ਰਾਹਤ ਸਮੱਗਰੀ ਦੀ ਪਹਿਲੀ ਖੇਪ ਕੱਲ੍ਹ ਯੂਕ੍ਰੇਨ ਰਵਾਨਾ ਕਰ ਦਿੱਤੀ ਜਾਵੇਗੀ।

ਭਾਰਤ “ਵਸੁਧੈਵ ਕੁਟੁੰਬਕਮ੍” ਦੇ ਸਿਧਾਂਤ ਦਾ ਪਾਲਣ ਕਰਦਾ ਹੈ, ਜਿਸ ਦਾ ਜ਼ਿਕਰ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਯੁਕ੍ਰੇਨ ਵਿੱਚ ਫਸੇ ਗੁਆਂਢੀ ਦੇਸ਼ਾਂ ਅਤੇ ਵਿਕਾਸ਼ਸੀਲ ਦੇਸ਼ਾਂ ਦੇ ਲੋਕਾਂ ਦੀ ਸਹਾਇਤਾ ਵੀ ਭਾਰਤ ਕਰੇਗਾ। ਇਹ ਲੋਕ ਵੀ ਸਹਾਇਤਾ ਮੰਗ ਸਕਦੇ ਹਨ।

ਨਵੀ ਦਿੱਲੀ

28 ਫਰਵਰੀ, 2022

DISCLAIMER: This is an approximate translation. The original is available in English on MEA’s website and may be referred to as the official press release.